# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 12-08-2024**

ਅਲਿਮਕੋ ਵੱਲੋਂ ਜਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ, ਸ਼੍ਰੀ ਮੁਕਤਸਰ ਸਾਹਿਬ ਜ਼ਿਲੇ ਦੇ ਹਲਕਾ ਲੰਬੀ ਦੇ ਪਿੰਡ ਮਾਹੂਆਣਾ ਵਿਖੇ, ਜਿਲ੍ਹਾ ਪੱਧਰੀ ਕੈਂਪ ਦਾ ਪ੍ਰਬੰਧ ਕੀਤਾ ਗਿਆ, ਜਿਸ ਵਿਚ ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ । ਆਪਣੇ ਸੰਬੋਧਨ ਵਿਚ ਉਨਾਂ ਕਿਹਾ ਕਿ ਸੂਬਾ ਸਰਕਾਰ, ਦਿਵਯਾਂਗਜਨਾਂ ਨੂੰ ਸਰਕਾਰੀ ਜਾਂ ਗੈਰ ਸਰਕਾਰੀ ਸਹੂਲਤਾਂ ਮੁਹਈਆ ਕਰਵਾਉਣ ਲਈ ਉਪਰਾਲੇ ਕਰ ਰਹੀ ਏ। ਉਨਾਂ ਦੱਸਿਆ ਕਿ ਸਮਾਜਿਕ ਨਿਆਂ ਤੇ ਸਸ਼ਕਤੀਕਰਨ ਮੰਤਰਾਲੇ ਤਹਿਤ ਕੰਮ ਕਰ ਰਹੇ ਅਲਿਮਕੋ ਵਲੋਂ, ਸਰਕਾਰ ਦੀ ਯੋਜਨਾ ਅਡਿੱਪ ਤਹਿਤ ਸਰੀਰਕ ਤੌਰ ਤੇ ਦਿਵਯਾਂਗ ਵਿਅਕਤੀਆਂ ਨੂੰ ਮੁਫ਼ਤ ਬਣਾਵਟੀ ਅੰਗ ਅਤੇ ਹੋਰ ਸਹਾਇਕ ਸਮੱਗਰੀ ਮੁਹੱਈਆ ਕਰਵਾਈ ਜਾ ਰਹੀ ਏ। ਇਸ ਕੈਂਪ ਵਿੱਚ 43 ਦਿਵਿਆਂਗ

ਲਾਭਪਾਤਰੀਆਂ ਨੂੰ, 7 ਲੱਖ 21 ਹਜਾਰ ਰੁਪਏ ਦੀ ਲਾਗਤ ਨਾਲ ਬਨਾਵਟੀ ਅੰਗ ਅਤੇ ਉਪਕਰਨ ਜਿਵੇਂ ਕਿ ਮੋਟਰਾਈਜਡ ਟਰਾਈ-ਸਾਈਕਲ, ਟਰਾਈ-
ਸਾਈਕਲ, ਵਹੀਲਚੇਅਰ, ਵਿਸਾਖੀਆਂ, ਛੜੀਆਂ, ਕੰਨਾਂ ਦੀਆਂ ਮਸ਼ੀਨਾਂ ਅਤੇ ਨੇਤਰਹੀਨ ਵਿਅਕਤੀਆਂ ਲਈ ਸਮਾਰਟ ਫੋਨ ਤੇ ਸੀ.ਪੀ. ਚੇਅਰ ਦੀ ਵੰਡ ਕੀਤੀ ਗਈ।

--------------------------------------------------------

ਕੇਂਦਰੀ ਮੰਤਰੀ ਨਿਤਿਨ ਗਡਕਰੀ ਵੱਲੋਂ, ਪੰਜਾਬ ਵਿੱਚ ਬੰਦ ਹੋਣ ਕਿਨਾਰੇ ਚੱਲ ਰਹੇ ਰਾਸ਼ਟਰੀ ਸ਼ਾਹਰਾਹ ਪ੍ਰਾਜੈਕਟਾਂ ਸਬੰਧੀ ਮੁੱਖ ਮੰਤਰੀ ਨੂੰ ਲਿਖੇ ਪੱਤਰ ਬਾਰੇ, ਪੰਜਾਬ BJP ਦੇ ਮੀਤ ਪ੍ਰਧਾਨ ਡਾ. ਸੁਭਾਸ਼ ਸ਼ਰਮਾ ਨੇ ਕਿਹਾ ਏ, ਕਿ ਸੂਬਾ ਸਰਕਾਰ ਹੋਰ ਸਾਰੇ ਗੈਰ-ਜ਼ਰੂਰੀ ਕੰਮ ਛੱਡਕੇ, ਪਹਿਲਾਂ ਇਹਨਾਂ ਪ੍ਰੋਜੈਕਟਾਂ 'ਤੇ ਧਿਆਨ ਦੇਵੇ। ਇਕ ਬਿਆਨ ਵਿੱਚ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨੂੰ ਇਹ ਸਮਝਣਾ ਪਵੇਗਾ, ਕਿ ਕੇਂਦਰ ਸਰਕਾਰ ਪੰਜਾਬ ਵਿੱਚ ਵਿਕਾਸ ਦੇ ਦਰਿਆ ਵਹਾਉਣਾ ਚਾਹੁੰਦੀ ਏ, ਅਤੇ ਤੁਸੀਂ ਉਨ੍ਹਾਂ ਦਰਿਆਵਾਂ ਦੇ ਰਾਹ ਵਿੱਚ ਰੁਕਾਵਟਾਂ ਪੈਦਾ ਕਰ ਰਹੇ ਹੋ।

ਇਹ ਰੁਕਾਵਟਾਂ ਪੰਜਾਬ ਦੀ ਭਵਿੱਖੀ ਪੀੜ੍ਹੀ ਨੂੰ ਖ਼ਤਰੇ ਵਿੱਚ ਪਾ ਰਹੀਆਂ ਨੇ, ਜਿਸ ਕਾਰਨ 3 ਹਜ਼ਾਰ 263 ਕਰੋੜ ਰੁਪਏ ਦੀ ਲਾਗਤ ਵਾਲੇ, 104 ਕਿਲੋਮੀਟਰ ਦੀ ਲੰਬਾਈ ਵਾਲੇ ਤਿੰਨ ਪ੍ਰਾਜੈਕਟ ਰੱਦ ਹੋ ਗਏ ਨੇ ਅਤੇ 293 ਕਿਲੋਮੀਟਰ ਦੀ ਲੰਬਾਈ ਵਾਲੇ 14 ਹਜ਼ਾਰ 288 ਕਰੋੜ ਰੁਪਏ ਦੇ ਅੱਠ ਹੋਰ ਪ੍ਰਾਜੈਕਟ ਰੱਦ ਹੋਣ ਦਾ ਖਤਰਾ ਬਣਿਆ ਹੋਇਆ ਏ। ਡਾ. ਸੁਭਾਸ਼ ਸ਼ਰਮਾ ਨੇ ਕਿਹਾ ਕਿ ਸਰਕਾਰ ਨੇ ਜ਼ਮੀਨ ਐਕਵਾਇਰ ਕਰਕੇ ਹੀ ਦੇਣੀ ਏ, ਜਿਸ ਲਈ ਉਨ੍ਹਾਂ ਨੂੰ ਸਰਵਿਸ ਚਾਰਜਿਜ਼ ਲੈਣਾ ਪੈਂਦਾ ਏ, ਪਰ ਫਿਰ ਵੀ ਸਰਕਾਰ ਚੁੱਪ ਏ। ਉਨ੍ਹਾਂ ਚਿੰਤਾ ਜ਼ਾਹਰ ਕੀਤੀ ਕਿ ਮੁੱਖ ਮੰਤਰੀ ਵੱਲੋਂ ਪ੍ਰਸ਼ਾਸਨ ਅਤੇ ਅਮਨ-ਕਾਨੂੰਨ ਦੀ ਸਥਿਤੀ ਇਸ ਹੱਦ ਤੱਕ ਵਿਗੜਨ ਦਿੱਤੀ ਗਈ ਏ ਕਿ ਉਨ੍ਹਾਂ ਨੂੰ ਇਸ ਪ੍ਰਾਜੈਕਟ ਨੂੰ ਮੁੜ ਸ਼ੁਰੂ ਕਰਵਾਉਣ ਲਈ, ਕੇਂਦਰੀ ਮੰਤਰੀ ਨਿਤਿਨ ਗਡਕਰੀ ਦੇ ਦਖਲ ਦੀ ਮੰਗ ਕਰਨ ਲਈ ਮਜਬੂਰ ਹੋਣਾ ਪਿਆ।

---------------------------------------------------

ਹਰ ਘਰ ਤਿਰੰਗਾ ਮੁਹਿੰਮ ਤਹਿਤ, ਕਲ ਸ਼ਾਮ ਪਠਾਨਕੋਟ ਵਿੱਚ ਭਾਰਤੀ ਜਨਤਾ ਪਾਰਟੀ ਨੇ ਜ਼ਿਲ੍ਹਾ ਪ੍ਰਧਾਨ ਵਿਜੇ ਸ਼ਰਮਾ ਦੀ ਪ੍ਰਧਾਨਗੀ

ਹੇਠ, ਤਿਰੰਗਾ ਯਾਤਰਾ ਕੱਢੀ। ਤਿਰੰਗਾ ਯਾਤਰਾ ਚਿਲਡਰਨ ਪਾਰਕ ਤੋਂ ਸ਼ੁਰੂ ਹੋ ਕੇ, ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਵਿੱਚੋਂ ਦੀ ਲੰਘੀ। ਤਿਰੰਗਾ ਯਾਤਰਾ ਵਿੱਚ BJP ਵਰਕਰਾਂ ਨੇ ਹੱਥਾਂ ਵਿੱਚ ਕੌਮੀ ਝੰਡਾ ਫੜ ਕੇ, ਸ਼ਹਿਰ ਵਿੱਚ ਭਾਰਤ ਮਾਤਾ ਦੀ ਜੈ ਦੇ ਨਾਅਰੇ ਲਾਏ। ਤਿਰੰਗਾ ਯਾਤਰਾ ਦਾ ਵੱਖ-ਵੱਖ ਥਾਵਾਂ 'ਤੇ ਫੁੱਲਾਂ ਦੀ ਵਰਖਾ ਕਰਕੇ ਸਵਾਗਤ ਕੀਤਾ ਗਿਆ। ਵਿਜੇ ਸ਼ਰਮਾ ਨੇ ਦੱਸਿਆ ਕਿ ਤਿਰੰਗਾ ਯਾਤਰਾ ਰਾਹੀਂ ਸ਼ਹਿਰ ਵਾਸੀਆਂ ਨੂੰ ਆਜ਼ਾਦੀ ਦਿਵਸ ਮੌਕੇ ਆਪਣੇ ਘਰਾਂ ਵਿੱਚ ਕੌਮੀ ਝੰਡਾ ਲਹਿਰਾ ਕੇ ਕੌਮੀ ਤਿਉਹਾਰ ਮਨਾਉਣ ਦਾ ਸੱਦਾ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਹਰ ਘਰ ਤਿਰੰਗਾ ਮੁਹਿੰਮ ਤਹਿਤ BJP 12 ਤੋਂ 15 ਅਗਸਤ ਤੱਕ ਸ਼ਹੀਦੀ ਸਮਾਰਕਾਂ 'ਤੇ ਸਫ਼ਾਈ ਮੁਹਿੰਮ ਵੀ ਚਲਾਵੇਗੀ ਅਤੇ 15 ਅਗਸਤ ਨੂੰ ਚਿਲਡਰਨ ਪਾਰਕ 'ਚ ਰਾਸ਼ਟਰੀ ਝੰਡਾ ਲਹਿਰਾਇਆ ਜਾਵੇਗਾ।

---------------------------------------------------------------

ਰਾਸ਼ਟਰ ਸੇਵਿਕਾ ਸਮਿਤੀ ਅਤੇ ਇਸ ਦੀਆਂ ਸਮੁੱਚੀਆਂ ਜਥੇਬੰਦੀਆਂ ਨੇ, ਕਮੇਟੀ ਦਫ਼ਤਰ ਜਲੰਧਰ ਵਿਖੇ ਮਾਤ ਸ਼ਕਤੀ ਮਿਲਨ ਸਮਾਗਮ ਕਰਵਾਇਆ। ਸੂਬਾਈ ਡਾਇਰੈਕਟਰ ਲਲਿਤਾ ਥਾਪਰ ਅਤੇ ਹੋਰ

ਪਤਵੰਤਿਆਂ ਨੇ, ਭਾਰਤ ਮਾਤਾ ਦੀ ਤਸਵੀਰ ਅੱਗੇ ਸ਼ਰਧਾ ਦੇ ਫੁੱਲ ਭੇਟ ਕੀਤੇ। ਸਮਿਤੀ ਦੀ ਆਗੂ ਰਿਤੂ ਵਰਮਾ ਨੇ, ਗੀਤ ਰਾਹੀਂ ਸਾਰਿਆਂ ਦੀ ਖੁਸ਼ੀ ਦੀ ਕਾਮਨਾ ਕੀਤੀ ਅਤੇ ਵੱਖ-ਵੱਖ ਸਮੂਹ ਖੇਡਾਂ ਨੇ ਭਾਗ ਲੈਣ ਵਾਲਿਆਂ ਦੇ ਮਨਾਂ ਵਿੱਚ ਨਵਾਂ ਉਤਸ਼ਾਹ ਭਰ ਦਿੱਤਾ। ਸੂਬਾ ਕਾਰਜਕਾਰਨੀ ਆਗੂ, ਕਰਿਸ਼ਮਾ ਕਪੂਰ ਨੇ ਦੱਸਿਆ ਕਿ ਰਾਸ਼ਟਰ ਸੇਵਿਕਾ ਸਮਿਤੀ ਰਾਹੀਂ, ਅਸੀਂ ਆਪਣੇ ਆਪ ਨੂੰ ਸਰੀਰਕ, ਮਾਨਸਿਕ ਅਤੇ ਬੌਧਿਕ ਤੌਰ 'ਤੇ ਸਮਰੱਥ ਬਣਾ ਕੇ ਦੇਸ਼, ਧਰਮ ਤੇ ਰਾਸ਼ਟਰ ਦਾ ਕੰਮ ਕਰ ਸਕਦੇ ਹਾਂ। ਲਘੂ ਉਦਯੋਗ ਭਾਰਤੀ ਮਹਿਲਾ ਸੈੱਲ ਪੰਜਾਬ ਦੀ ਜਨਰਲ ਸਕੱਤਰ, ਸੀਮਾ ਧੂਮਲ ਨੇ ਕਿਹਾ ਕਿ ਦੇਸ਼ ਦੀ ਆਰਥਿਕਤਾ ਵਿੱਚ ਮਹਿਲਾ ਸ਼ਕਤੀ ਦੀ ਸਰਗਰਮ ਭਾਗੀਦਾਰੀ ਸ਼ਲਾਘਾਯੋਗ ਏ। ਉਨਾਂ ਕਿਹਾ ਕਿ ਦਰਮਿਆਨੇ, ਸੂਖਮ ਤੇ ਲਘੂ ਉਦਯੋਗਾਂ ਦੀ ਤਰੱਕੀ ਅਤੇ ਬਿਹਤਰੀ ਲਈ, ਯਤਨਸ਼ੀਲ ਦੇਸ਼ ਦੀ ਸਭ ਤੋਂ ਵੱਡੀ ਉੱਦਮੀ ਸੰਸਥਾ ਲਘੂ ਉਦਯੋਗ ਭਾਰਤੀ ਔਰਤਾਂ ਦੇ ਸਸ਼ਕਤੀਕਰਨ, ਰੁਜ਼ਗਾਰ ਸਿਰਜਣ, ਜਾਗਰੂਕਤਾ ਤੇ ਸਰਵਪੱਖੀ ਵਿਕਾਸ ਅਤੇ ਤਰੱਕੀ ਲਈ ਇੱਕ ਨਵੀਂ ਪਹਿਲਕਦਮੀ ਕਰ ਰਹੀ ਏ।

--------------------------------------------------

ਸਾਉਣ ਦੇ ਮਹੀਨੇ ਵਿੱਚ ਮਨਾਇਆ ਜਾਣ ਵਾਲਾ ਤੀਆਂ ਦਾ ਤਿਉਹਾਰ, ਜਿਸ ਨੂੰ ਧੀਆਂ ਦਾ ਤਿਉਹਾਰ ਵੀ ਕਿਹਾ ਜਾਂਦਾ ਏ, ਫਤਿਹਗੜ੍ਹ ਸਾਹਿਬ ਵੀ ਵਿਖੇ ਨਵ ਵਿਆਈਆ ਮੁਟਿਆਰਾਂ ਅਤੇ ਕੁੜੀਆਂ ਵੱਲੋਂ ਸਾਂਝੇ ਤੌਰ ਤੇ ਇਕੱਤਰ ਹੋ ਕੇ ਮਨਾਇਆ ਗਿਆ। ਇਸ ਮੌਕੇ ਤੀਆਂ ਦੇ ਤਿਉਹਾਰ ਦਾ ਪਹਿਰਾਵਾ, ਗਿੱਦੇ, ਬੋਲੀਆਂ ਤੇ ਗੀਤ ਲੋਕਾਂ ਦੇ ਖਿੱਚ ਦਾ ਕੇਂਦਰ ਰਹੇ। ਤੀਆਂ ਦੌਰਾਨ ਵੱਖ-ਵੱਖ ਖੇਤਰਾਂ ਵਿਚ ਮਨਾਏ ਜਾਂਦੇ ਸੱਭਿਆਚਾਰ ਨੂੰ ਦਰਸਾਉਂਦੇ ਮੁਕਾਬਲੇ ਵੀ ਕਰਵਾਏ ਗਏ ਅਤੇ ਅੱਵਲ ਰਹਿਣ ਵਾਲੀਆਂ ਮੁਟਿਆਰਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਤੇ ਤੀਆਂ ਦਾ ਤਿਉਹਾਰ ਮਨਾਉਣ ਵਾਲੀਆਂ ਮੁਟਿਆਰਾਂ ਨੇ ਕਿਹਾ ਕਿ ਇਹ ਤਿਉਹਾਰ, ਧੀਆਂ ਭੈਣਾਂ ਦਾ ਸਾਂਝਾ ਤਿਉਹਾਰ ਹੁੰਦਾ ਏ, ਅਤੇ ਬਹਾਨੇ ਨਾਲ ਸਾਰੀਆਂ ਕੁੜੀਆਂ ਇਕੱਠੀਆਂ ਹੁੰਦੀਆਂ ਨੇ ਤੇ ਗਾਣੇ ਗਾ ਕੇ ਆਪਣਾ ਮਨ ਪਰਚਾਵਾ ਕਰਦੀਆਂ ਨੇ।